


# ਪਰਮਿੰਦਰ ਸਿੰਘ ਗਿੱਲ ਮੋਗਾ ਦੇ ਡਿਪਟੀ ਕਮਿਸ਼ਨਰ ਨਿਯੁਕਤ

**ਮੋਗਾ / ਭਵਨਦੀਪ ਸਿੰਘ ਪੁਰਬਾ**

ਮੋਗਾ ਦੇ ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ ਵੱਲੋਂ ਨੌਕਰੀ ਤੋਂ ਅਸ਼ਤੀਫਾ ਦਿੱਤੇ ਜਾਣ ਤੋਂ ਬਾਅਦ ਪਰਮਿੰਦਰ ਸਿੰਘ ਗਿੱਲ ਨੂੰ ਮੋਗਾ ਦਾ ਡਿਪਟੀ ਕਮਿਸ਼ਨਰ ਨਿਯੁਕਤ ਕਰਨ ਕੀਤਾ ਗਿਆ। ਡੀ ਸੀ ਮੋਗਾ ਦੇ ਅਹੁਦਾ ਸੰਭਾਲਣ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਕੁਲਦੀਪ ਸਿੰਘ ਜੋਗੇਵਾਲਾ, ਕੌਮੀ ਮੀਤ ਪ੍ਰਧਾਨ ਕੁਲਦੀਪ ਸਿੰਘ ਚੂਹੜਚੱਕ, ਜ਼ਿਲ੍ਹਾ ਪ੍ਰੈਸ ਸਕੱਤਰ ਜਗਸੀਰ ਸਿੰਘ ਚੁੱਪਕੀਤੀ ਅਤੇ ਜਗਜੀਤ ਸਿੰਘ ਜੌੜਾ ਪੀਏ ਟੂ ਜੱਥੇਦਾਰ ਤੀਰਥ ਸਿੰਘ ਮਾਹਲਾ ਚੇਅਰਮੈਨ ਪਲੈਨਿੰਗ ਬੋਰਡ ਮੋਗਾ ਨੇ ਫੁੱਲਾਂ ਦਾ ਗੁਲਦਸਤਾ ਦੇ ਕੇ ਵਧਾਈਆਂ ਦਿੱਤੀਆਂ ਗਈਆਂ।



ਇਸ ਸਮੇਂ ਗੱਲਬਾਤ ਕਰਦਿਆਂ ਡੀ ਸੀ ਪਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਮੇਥ ਪੋਸਟਿੰਗ 1992 'ਚ ਰੋਪਟ ਵਿਖੇ ਜੀ ਏ ਟੂ ਡੀਸੀ ਵਜੋਂ ਹੋਈ ਸੀ ਅਤੇ ਬਾਅਦ ਵਿੱਚ ਵੱਖ ਵੱਖ ਥਾਵਾਂ 'ਤੇ ਬਤੌਰ ਐਸ ਡੀ ਐਮ ਸੇਵਾਵਾਂ ਨਿਭਾਈਆਂ। ਉਨ੍ਹਾਂ ਦੱਸਿਆ ਕਿ ਮੇਰੀ ਬਤੌਰ ਆਈਏਐਸ ਪਹਿਲੀ ਪੋਸਟਿੰਗ 2 ਜੂਨ 2014 'ਚ ਡੀ ਸੀ ਮੋਗਾ ਵਜੋਂ ਹੋਈ, ਜਿਥੇ ਮੈਂ 20 ਮਹੀਨੇ ਫਰਵਰੀ 2016 ਤੱਕ ਮੋਗਾ ਵਿਖੇ ਰਹੇ। ਉਨ੍ਹਾਂ ਦੱਸਿਆ ਕਿ ਮੈਂ 3 ਫਰਵਰੀ ਤੋਂ ਹੁਣ ਤੱਕ ਬਤੌਰ ਕਮਿਸ਼ਨਰ ਨਗਰ ਨਿਗਮ ਪਟਿਆਲਾ ਵਿਖੇ ਆਪਣੀ ਸੇਵਾ ਨਿਭਾਉਣ ਤੋਂ ਬਾਅਦ ਦੁਬਾਰਾ ਫਿਰ ਪੰਜਾਬ ਸਰਕਾਰ ਨੇ ਮੋਗਾ ਵਿਖੇ ਬਤੌਰ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਹੈ। ਇਸ ਉਪਰੰਤ ਪ੍ਰਧਾਨ ਕੁਲਦੀਪ ਸਿੰਘ ਜੋਗੇਵਾਲਾ ਅਤੇ ਕੌਮੀ ਮੀਤ ਪ੍ਰਧਾਨ ਕੁਲਦੀਪ ਸਿੰਘ ਚੂਹੜਚੱਕ ਨੇ ਡੀ ਸੀ ਗਿੱਲ ਨੂੰ ਵਧਾਈ ਦਿੰਦਿਆ ਕਿਹਾ ਕਿ ਜਿਸ ਤਰ੍ਹਾਂ ਡੀਸੀ ਪਰਮਿੰਦਰ ਸਿੰਘ ਗਿੱਲ ਨੇ ਮੋਗਾ ਵਿਖੇ ਪਹਿਲਾਂ ਵੀ ਆਪਣੀ ਡਿਊਟੀ ਪੂਰੀ ਈਮਾਨਦਾਰੀ ਅਤੇ ਮਿਹਨਤੀ ਅਫ਼ਸਰ ਵਜੋਂ ਕਰਕੇ ਆਪਣੀ ਪਛਾਣ ਬਣਾਈ ਸੀ। ਉਨ੍ਹਾਂ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਡੀ ਸੀ ਮੋਗਾ ਹੁਣ ਵੀ ਪਹਿਲਾਂ ਦੀ ਤਰ੍ਹਾਂ ਆਪਣੀਆਂ ਸੇਵਾਵਾਂ ਇਕ ਮਿਹਨਤੀ ਅਫ਼ਸਰ ਵਜੋਂ ਨਿਭਾਉਣਗੇ। ਇਸ ਮੌਕੇ ਸਰਕਲ ਪ੍ਰੈਸ ਸਕੱਤਰ ਗੁਰਦੀਪ ਸਿੰਘ ਮਹੇਸ਼ਰੀ, ਸਰਪੰਚ ਅਤੇ ਸਰਕਲ ਪ੍ਰਧਾਨ ਸੁਰਜੀਤ ਸਿੰਘ ਸੰਧੂਆਂ ਵਾਲਾ, ਪੰਚ ਬਲਜਿੰਦਰ ਸਿੰਘ ਚੂਹੜਚੱਕ ਆਦਿ ਹਾਜ਼ਰ ਸਨ।

# ਮੂਰਤੀ ਦਰਸ਼ਨ ਯਾਤਰਾ ਦਾ ਜ਼ਿਲ੍ਹਾ ਮੋਗਾ ਦੇ ਪਿੰਡ ਦਾਰਾਪੁਰ ਵਿਖੇ ਪਹੁੰਚਣ 'ਤੇ ਕੀਤਾ ਗਿਆ ਨਿੱਘਾ ਸਵਾਗਤ



**ਮੋਗਾ / ਸਾਧੂ ਸਿੰਘ ਧੰਮੂ**

ਭਗਵਾਨ ਵਾਲਮੀਕਿ ਜੀ ਮੂਰਤੀ ਦਰਸ਼ਨ ਯਾਤਰਾ ਦਾ ਜ਼ਿਲ੍ਹਾ ਮੋਗਾ ਦੇ ਪਿੰਡ ਦਾਰਾਪੁਰ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਉੱਘੇ ਅਕਾਲੀ ਨੇਤਾ ਸ. ਬਰਜਿੰਦਰ ਸਿੰਘ ਬਰਾੜ, ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ, ਸੀਨੀਅਰ ਪੁਲਿਸ ਕਪਤਾਨ ਸ੍ਰੀ ਸਨੇਹਦੀਪ ਸ਼ਰਮਾ, ਕਮਿਸ਼ਨਰ ਨਗਰ ਨਿਗਮ ਹਰਚਰਨ ਸਿੰਘ, ਚੇਅਰਮੈਨ ਭਗਵਾਨ ਵਾਲਮੀਕਿ ਆਸ਼ਰਮ ਧੂਣਾ ਸਾਹਿਬ ਟਰੱਸਟ ਅੰਮ੍ਰਿਤਸਰ ਓਮ ਪ੍ਰਕਾਸ਼ ਗੱਬਰ, ਜਨਰਲ ਸਕੱਤਰ ਹੈਪੀ ਭੀਲ ਅਤੇ ਭਗਵਾਨ ਵਾਲਮੀਕਿ ਸਮਾਜ ਦੇ ਵੱਡੀ ਗਿਣਤੀ 'ਚ ਨੁਮਾਇੰਦੇ ਹਾਜ਼ਰ ਸਨ। ਇਸ ਮੌਕੇ ਸ. ਬਰਜਿੰਦਰ ਸਿੰਘ ਬਰਾੜ ਨੇ ਭਗਵਾਨ ਵਾਲਮੀਕਿ ਜੀ ਦੀ 800 ਕਿਲੋਗ੍ਰਾਮ ਸੋਨੇ ਦੀ ਝਾਲ ਵਾਲੀ ਮੂਰਤੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਕਿਹਾ ਕਿ ਭਗਵਾਨ ਵਾਲਮੀਕਿ ਜੀ ਨੇ ਆਪਣੀ ਮਹਾਨ ਰਚਨਾ ਰਮਾਇਣ ਨਾਲ ਬਦੀ 'ਤੇ ਨੇਕੀ ਦੀ ਜਿੱਤ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਨੇੜੇ ਇਸ ਪਵਿੱਤਰ ਸਥਾਨ 'ਤੇ ਭਗਵਾਨ ਵਾਲਮੀਕਿ ਜੀ ਨੇ ਸਾਨੂੰ ਸਾਰਿਆਂ ਨੂੰ ਏਕਤਾ ਤੇ ਸਰਵ ਸਾਂਝੀਵਾਲਤਾ ਦਾ ਸੁਨੇਹਾ ਦਿੱਤਾ ਸੀ। ਉਨ੍ਹਾਂ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 200 ਕਰੋੜ ਰੁਪਏ ਖ਼ਰਚ ਕੇ ਭਗਵਾਨ ਵਾਲਮੀਕਿ ਜੀ ਦੀ ਯਾਦਗਾਰ ਦੀ ਉਸਾਰੀ ਕੀਤੀ ਗਈ ਹੈ। ਇਸ ਮੌਕੇ ਬੈਂਡ ਵਾਜਿਆਂ ਅਤੇ ਪੰਜਾਬ ਪੁਲਿਸ ਦੇ ਮੋਟਰ ਸਾਈਕਲ ਸਵਾਰ ਜਵਾਨਾਂ ਵੱਲੋਂ ਮੂਰਤੀ ਯਾਤਰਾ ਦਾ ਨਿੱਘਾ ਸਵਾਗਤ ਕੀਤਾ ਗਿਆ।

ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ ਭਗਵਾਨ ਵਾਲਮੀਕਿ ਜੀ ਦੀ ਦਰਸ਼ਨ ਯਾਤਰਾ ਆਪਸੀ ਪਿਆਰ, ਸਦਭਾਵਨਾ ਅਤੇ ਭਾਈਚਾਰਕ ਸਾਂਝ ਦੀ ਪ੍ਰਤੀਕ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਗਵਾਨ ਵਾਲਮੀਕਿ ਜੀ ਦੇ ਦਰਸਾਏ ਮਾਰਗ 'ਤੇ ਚੱਲਦੇ ਹੋਏ ਇੱਕ ਉਸਾਰੂ ਤੇ ਭੇਦ-ਭਾਵ ਰਹਿਤ ਸਮਾਜ ਦੀ ਸਿਰਜਣਾ ਲਈ ਅੱਗੇ ਆਉਣ। ਉਨ੍ਹਾਂ ਦੱਸਿਆ ਕਿ ਇਹ ਮੂਰਤੀ ਯਾਤਰਾ ਜ਼ਿਲ੍ਹੇ ਦੇ ਪਿੰਡ ਦਾਰਾਪੁਰ, ਡਗਰੂ, ਆਈ.ਐਸ.ਐਫ਼ ਕਾਲਜ ਆਫ਼ ਫ਼ਾਰਮੇਸੀ, ਦੁੱਨੇ ਕੇ, ਨਗਰ ਸੁਧਾਰ ਟਰੱਸਟ ਗਰਾਊਂਡ, ਸ਼ਹਿਰ ਦੇ ਵੱਖ-ਵੱਖ ਪੜਾਵਾਂ ਤੋਂ ਹੁੰਦੀ ਹੋਈ ਪਿੰਡ ਅਜੀਤਵਾਲ ਰਾਹੀਂ ਜ਼ਿਲ੍ਹਾ ਲੁਧਿਆਣਾ 'ਚ ਪ੍ਰਵੇਸ਼ ਕਰੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਜੇ ਕੁਮਾਰ ਸੂਦ, ਐਸ.ਡੀ.ਐਮ ਮੋਗਾ ਚਰਨਦੀਪ ਸਿੰਘ, ਡਿਪਟੀ ਮੇਅਰ ਜਰਨੈਲ ਸਿੰਘ, ਸਤਪਾਲ ਚਾਂਵਰੀਆ ਪ੍ਰਧਾਨ ਸਫ਼ਾਈ ਮਜ਼ਦੂਰ ਯੂਨੀਅਨ, ਅਰਜਨ ਕੁਮਾਰ ਪ੍ਰਧਾਨ ਵਾਲਮੀਕਿ ਸਭਾ, ਅਰੁਣ ਬੌਹਤ ਪ੍ਰਧਾਨ ਐਸ.ਸੀ.ਵਿੰਗ, ਨਰੇਸ਼ ਬੌਹਤ, ਵੀਰਭਾਨ ਦਾਨਵ ਪ੍ਰਧਾਨ ਭਾਵਾਧਸ, ਵੀਰ ਰਾਜ ਕੁਮਾਰ ਅਤਿਕਾਏ, ਸਤਪਾਲ ਅਨਜਾਣ ਪ੍ਰਧਾਨ ਸੀਵਰੇਜ਼ ਯੂਨੀਅਨ, ਜਗਜੀਤ ਜੌੜਾ, ਨਰੋਤਮ ਬੌਹਤ, ਨਰੇਸ਼ ਡੁਲਗੱਚ ਕਨਵੀਨਰ ਭਾਵਾਧਸ, ਅਸ਼ੋਕ ਸਫ਼ਰੀ, ਸੇਵਕ ਰਾਮ ਫ਼ੌਜੀ ਅਤੇ ਵੱਡੀ ਗਿਣਤੀ 'ਚ ਸ਼ਰਧਾਲੂ ਹਾਜ਼ਰ ਸਨ।

# 'ਮਹਿਕ ਵਤਨ ਦੀ ਮੀਡੀਆ ਗਰੁੱਪ' ਦੀ ਮੈਂਬਰਸ਼ਿਪ ਵਾਸਤੇ ਬਾਬਾ ਜਸਵੀਰ ਸਿੰਘ ਜੀ ਲੋਹਾਰਾ ਨੇ ਤਿੰਨ ਲੱਖ ਰੁਪਏ ਦਾ ਚੈੱਕ ਸੌਂਪਿਆ



**ਮੋਗਾ (ਭਾਗਵੰਤੀ ਪੁਰਬਾ)** - ਅੰਤਰ-ਰਾਸ਼ਟਰੀ ਪੰਜਾਬੀ ਜਰਨਲਿਸਟ ਸ. ਭਵਨਦੀਪ ਸਿੰਘ ਪੁਰਬਾ ਦੀ ਸਪ੍ਰਸਤੀ ਹੇਠ ਗਠਿਤ ਹੋ ਰਹੇ 'ਮਹਿਕ ਵਤਨ ਦੀ ਮੀਡੀਆ ਗਰੁੱਪ' ਦੀ ਮੈਂਬਰਸ਼ਿਪ ਵਾਸਤੇ ਬਾਬਾ ਜਸਵੀਰ ਸਿੰਘ ਜੀ ਲੋਹਾਰਾ ਨੇ ਤਿੰਨ ਲੱਖ ਰੁਪਏ ਦੀ ਰਾਸ਼ੀ ਦੇ ਕੇ ਆਪਣੀ ਮੈਂਬਰਸ਼ਿਪ ਲੈ ਲਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆ ਢਾਡੀ ਸਾਧੂ ਸਿੰਘ ਧੰਮੂ ਨੇ ਦੱਸਿਆ ਕਿ ਮੋਗਾ (ਪੰਜਾਬ) ਭਾਰਤ ਤੇ ਬਰੈਂਪਟਨ (ਟੋਰਾਂਟੋ) ਕੈਨੇਡਾ ਤੋਂ ਪ੍ਰਕਾਸਿਤ ਹੋ ਰਹੇ ਅੰਤਰ-ਰਾਸਟਰੀ ਪੰਜਾਬੀ ਮੈਗਜ਼ੀਨ 'ਮਹਿਕ ਵਤਨ ਦੀ ਲਾਈਵ' ਵੱਲੋਂ ਗਠਿਤ ਕੀਤੇ ਜਾ ਰਹੇ 'ਮਹਿਕ ਵਤਨ ਦੀ ਮੀਡੀਆ ਗਰੁੱਪ' ਸਬੰਧੀ ਅੰਤਰ-ਰਾਸ਼ਟਰੀ ਪੰਜਾਬੀ ਜਰਨਲਿਸਟ ਭਵਨਦੀਪ ਸਿੰਘ ਪੁਰਬਾ ਜੋ ਪਿਛਲੇ ਮਹੀਨੇ ਤੋਂ ਵੱਖ-ਵੱਖ ਸੰਤਾ ਮਹਾਪੁਰਖਾ, ਸਮਾਜ ਸੇਵੀ ਅਤੇ ਸਿਆਸੀ ਸਖਸੀਅਤਾ ਰਾਬਤਾ ਕਾਇਮ ਕਰ ਰਹੇ ਹਨ। ਜਿਸ ਵਿੱਚ ਭਵਨਦੀਪ ਸਿੰਘ ਪੁਰਬਾ ਪੱਤਰਕਾਰੀ ਦੇ ਮੀਲ ਪੱਥਰ ਸਥਾਪਤ ਹੋ ਚੁੱਕੇ ਮਹਿਕ ਵਤਨ ਦੀ ਲਾਈਵ ਮੈਗਜ਼ੀਨ ਦੇ ਪ੍ਰਚਾਰ ਅਤੇ ਪ੍ਰਸਾਰ ਸਬੰਧੀ ਪੂਰੀ ਜਾਣਕਾਰੀ ਸਬੰਧਤ ਵਿਅਕਤੀਆ ਨੂੰ ਮੁਹੱਈਆ ਕਰਵਾ ਰਹੇ ਹਨ।

ਇਸ ਸਬੰਧ ਵਿੱਚ ਬੋਲਦਿਆ ਬਾਬਾ ਜਸਵੀਰ ਸਿੰਘ ਜੀ ਲੋਹਾਰਾ ਨੇ ਆਖਿਆ ਕਿ ਮਹਿਕ ਵਤਨ ਦੀ ਲਾਈਵ ਮੈਗਜ਼ੀਨ ਨੇ ਪੱਤਰਕਾਰੀ ਦੇ ਖੇਤਰ ਵਿੱਚ ਆਪਣਾ ਵਿਸ਼ੇਸ ਮੁਕਾਮ ਹਾਸਿਲ ਕੀਤਾ ਹੈ ਇਹ ਭਵਨਦੀਪ ਪੁਰਬਾ ਦੀ ਯੋਗ ਅਗਵਾਈ ਕਾਰਨ ਹੀ ਸੰਭਵ ਹੋਇਆ ਹੈ। ਉਨ੍ਹਾਂ ਨੇ 'ਮਹਿਕ ਵਤਨ ਦੀ ਮੀਡੀਆ ਗਰੁੱਪ' ਦੇ ਗਠਨ ਸਬੰਧੀ ਪੂਰੀ ਸਹਿਮਤੀ ਪ੍ਰਗਟਾਈ ਅਤੇ 'ਮਹਿਕ ਵਤਨ ਦੀ ਮੀਡੀਆ ਗਰੁੱਪ' ਦੀ ਮੈਂਬਰਸ਼ਿਪ ਵਾਸਤੇ ਤਿੰਨ ਲੱਖ ਰੁਪਏ ਦੀ ਰਾਸ਼ੀ ਭਵਨਦੀਪ ਸਿੰਘ ਪੁਰਬਾ ਦੀ ਮਜੂਦਗੀ ਵਿੱਚ 'ਮਹਿਕ ਵਤਨ ਦੀ ਮੀਡੀਆ ਗਰੁੱਪ' ਨੂੰ ਭੇਟ ਕੀਤੀ ਅਤੇ ਗਰੁੱਪ ਨੂੰ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਆਰਟਿਸਟ ਜਸਵੀਰ ਸਿੰਘ ਪੁੜੈਣ, ਪੱਤਰਕਾਰ ਜਗਰਾਜ ਗਿੱਲ, ਮਨਮੋਹਨ ਚੀਮਾ, ਬੇਅੰਤ ਸਿੰਘ ਲੋਹਾਰਾ, ਹਰਮਨ ਜੋਹਲ, ਆਦਿ ਮੁੱਖ ਤੌਰ 'ਤੇ ਹਾਜ਼ਰ ਸਨ।

# ਪਿੰਡ ਖੁਖਰਾਣਾ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ



ਮੋਗਾ/ਅਮਜਦ ਖਾਨ/ਕੁਲਵਿੰਦਰ ਸਿੰਘ - ਸਾਹਿਬ-ਏ-ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਮਹਾਨ ਗੁਰਮਤਿ ਸਮਾਗਮ ਪਿੰਡ ਖੁਖਰਾਣਾ ਵਿਖੇ ਕਰਵਾਇਆ ਗਿਆ। ਜਿਸ ਵਿਚ ਲਗਾਤਾਰ ਤਿੰਨ ਦਿਨ ਕਥਾ ਕੀਰਤਨ ਦੇ ਪ੍ਰਵਾਹ ਚੱਲੇ। ਸਮਾਗਮ ਦੌਰਾਨ ਰੋਜ਼ਾਨਾ ਗੁਰਦੁਆਰਾ ਦੁੱਖ ਭੰਜਨਸਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਅਤੇ ਗੁਰਦੁਆਰਾ ਹਰਗੋਬਿੰਦ ਸਾਹਿਬ ਜੀ ਛੇਵੀਂ ਪਾਤਸ਼ਾਹੀ ਦੇ ਹਜ਼ੂਰੀ ਰਾਗੀ ਕ੍ਰਿਸ਼ਨ ਸਿੰਘ ਵੱਲੋਂ ਰੱਬੀ ਬਾਣੀ ਦੇ ਕੀਰਤਨ ਨਾਲ ਦੀਵਾਨਾਂ ਦੀ ਆਰੰਭਤਾ ਕੀਤੀ ਗਈ। ਉਪਰੰਤ ਵੱਖ-ਵੱਖ ਵਿਦਵਾਨਾਂ ਵੱਲੋਂ ਸ਼ਬਦ ਵਿਚਾਰ ਰਾਹੀਂ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਫਲਸਫ਼ੇ ਬਾਰੇ ਤੇ ਉਹਨਾਂ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਇਆ ਗਿਆ। ਪਹਿਲੇ ਦਿਨ ਰਾਤੀ ਦੇ ਦੀਵਾਨਾਂ ਵਿਚ ਕੀਰਤਨ ਤੋਂ ਉਪਰੰਤ ਭਾਈ ਕ੍ਰਿਸ਼ਨ ਸਿੰਘ ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਦਸਮ ਗ੍ਰੰਥ ਦੇ ਸ਼ਬਦਾਂ ਦੀ ਵਿਆਖਿਆ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਦੂਜੇ ਦਿਨ ਦੇ ਰਾਤਰੀ ਦੇ ਦੀਵਾਨਾਂ 'ਚ ਸੰਤ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ ਵਾਲਿਆਂ ਨੇ ਪੁਰਾਤਨ ਅਤੇ ਮੌਜੂਦਾ ਤਕਨੀਕ ਨਾਲ ਸੰਗਤਾਂ ਨੂੰ ਗੁਰੂ ਸ਼ਬਦ ਨਲਾ ਜੋੜਿਆ। ਗਿਆਨੀ ਜਸਵਿੰਦਰ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਇਆ ਅਤੇ ਉਪਰੰਤ ਗਿਆਨੀ ਗੁਰਲਾਲ ਸਿੰਘ ਨੇ ਦਸਮ ਬਾਣੀ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਇਤਿਹਾਸ ਬਾਰੇ ਸੰਗਤਾਂ ਨੂੰ ਵਿਸਥਾਰ ਪੂਰਵਕ ਦੱਸਿਆ ਅਤੇ ਸ੍ਰੀ ਦਸਮ ਗ੍ਰੰਥ ਦੇ ਵਿਰੋਧੀਆਂ ਨੂੰ ਕਰੜੇ ਹੱਥੀਂ ਲਿਆ। ਤੀਸਰੇ ਦਿਨ ਭੋਗ ਤੋਂ ਉਪਰੰਤ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਉਪਰੰਤ ਗਿਆਨੀ ਹਰਪ੍ਰੀਤ ਸਿੰਘ ਮੱਖੂ ਵਾਲਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਇਤਿਹਾਸ ਅਤੇ ਅੱਜ ਦੇ ਮੌਜੂਦਾ ਸਮੇਂ 'ਤੇ ਵੀ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਪਣੇ ਚਾਰੇ ਸਾਹਿਬਜ਼ਾਦੇ ਅਤੇ ਮਾਤਾ-ਪਿਤਾ ਨੂੰ ਕੌਮ ਦੇ ਉਪਰੋਂ ਕੁਰਬਾਨ ਕਰਕੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਮੰਗੀ। ਪਰ ਅੱਜ ਦੇ ਪੰਥ ਦੇ ਲੀਡਰ ਕਹਾਉਣ ਵਾਲੇ ਇਹ ਗੱਲ ਕਹਿੰਦੇ ਹਨ ਕਿ ਰਾਜ ਗੱਦੀਆਂ ਵਜ਼ੀਰੀਆਂ ਸਾਡੇ ਪੁੱਤਰਾਂ ਨੂੰ ਮਿਲਣ ਪੰਥ ਭਾਵੇਂ ਸਾਰਾ ਉਜੜ ਜਾਵੇ ਲੋਕਾਂ ਦੇ ਪੁੱਤ ਮਰਦੇ ਰਹਿਣ ਅਜਿਹੇ ਹਾਲਾਤ ਅੱਜ ਪੰਥ ਦੇ ਠੇਕੇਦਾਰਾਂ ਦੇ ਬਣੇ ਹੋਏ ਹਨ, ਜਿਨ੍ਹਾਂ ਤੋਂ ਸਾਨੂੰ ਸਾਰਿਆਂ ਨੂੰ ਸੁਚੇਤ ਰਹਿਣਾ ਚਾਹੀਦਾ ਹੈ ਅਤੇ ਅਖੌਤੀ ਪੰਥਕ ਠੇਕੇਦਾਰਾਂ ਦੀ ਪਹਿਚਾਣ ਕਰਨੀ ਚਾਹੀਦੀ ਹੈ। ਉਪਰੰਤ ਢਾਡੀ ਭਾਈ ਸੰਦੀਪ ਸਿੰਘ ਰੁਪਾਲੋਂ ਦੇ ਜਥੇ ਨੇ ਸੰਗਤਾਂ ਨੂੰ ਇਤਿਹਾਸ ਦੁਆਰਾ ਨਿਹਾਲ ਕੀਤਾ। ਇਸ ਸਮਾਗਮ ਵਿਚ ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਸਮਾਗਮ ਦੌਰਾਨ ਤਿੰਨੇ ਦਿਨ ਸਮਾਪਤੀ ਉਪਰੰਤ ਬਾਬਾ ਰੇਸ਼ਮ ਸਿੰਘ ਖੁਖਰਾਣਾ ਨੇ ਆਈਆਂ ਹੋਈਆਂ ਸੰਗਤਾਂ, ਕਥਾਵਾਚਕਾਂ ਤੇ ਸਾਧੂ ਸੰਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਸਮਾਗਮ ਕਰਵਾਉਣ 'ਚ ਬਾਬਾ ਰੇਸ਼ਮ ਸਿੰਘ ਖੁਖਰਾਣਾ, ਭਾਈ ਊਧਮ ਸਿੰਘ ਕਲਕੱਤਾ, ਭਾਈ ਅਮਰਜੀਤ ਸਿੰਘ ਭੋਲਾ, ਭਾਈ ਕ੍ਰਿਸ਼ਨ ਸਿੰਘ ਗ੍ਰੰਥੀ, ਭਾਈ ਮਲੂਕ ਸਿੰਘ, ਭਾਈ ਹਰਜਿੰਦਰ ਸਿੰਘ ਗ੍ਰੰਥੀ ਅਤੇ ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਨਗਰ ਪੰਚਾਇਤਾਂ ਤੇ ਨੌਜਵਾਨ ਕਲੱਬ ਪਿੰਡ ਖੁਖਰਾਣਾ ਨੇ ਅਹਿਮ ਭੂਮਿਕਾ ਨਿਭਾਈ ਅਤੇ ਸਾਰੇ ਨਗਰ ਨਿਵਾਸੀਆਂ ਨੇ ਪੂਰਨ ਸਹਿਯੋਗ ਦਿੱਤਾ।